ਕਾਨੜਾ ਮਹਲਾ ੫ ਘਰੁ ੧੧ ੴ ਸਤਿਗੁਰ ਪ੍ਰਸਾਦਿ ॥ ਸਹਜ ਸੁਭਾਏ ਆਪਨ ਆਏ ॥ ਕਛੂ ਨ ਜਾਨੌ ਕਛੂ ਦਿਖਾਏ ॥ ਪ੍ਰਭੁ ਮਿਲਿਓ ਸੁਖ ਬਾਲੇ ਭੋਲੇ ॥੧॥ ਰਹਾਉ ॥ ਸੰਜੋਗਿ ਮਿਲਾਏ ਸਾਧ ਸੰਗਾਏ ॥ ਕਤਹੂ ਨ ਜਾਏ ਘਰਹਿ ਬਸਾਏ ॥ ਗੁਨ ਨਿਧਾਨੁ ਪ੍ਰਗਟਿਓ ਇਹ ਚੋਲੈ ॥ ੧॥ ਚਰਨ ਲੁਭਾਏ ਆਨ ਤਜਾਏ ॥ ਥਾਨ ਥਨਾਏ ਸਰਬ ਸਮਾਏ ॥ ਰਸਕਿ ਰਸਕਿ ਨਾਨਕੁ ਗੁਨ ਬੋਲੈ ॥ ੨॥੧॥੪੬॥ {ਪੰਨਾ 1307}

ਪਦ ਅਰਥ:- ਸਹਜ—ਆਤਮਕ ਅਡੋਲਤਾ। ਸੁਭਾਏ—ਸੁਭਾਇ, ਪਿਆਰ ਦੀ ਰਾਹੀਂ, ਪਿਆਰ ਦੇ ਪ੍ਰੇਰੇ ਹੋਏ। ਆਪਨ—ਆਪਣੇ ਆਪ। ਜਾਨੌ—ਜਾਨਉਂ, ਮੈਂ ਜਾਣਦਾ। ਨ ਕਛੂ ਜਾਨੌ (ਨ) ਕਛੂ ਦਿਖਾਏ—ਨਾਹ ਮੈਂ ਕੁਝ ਜਾਣਦਾ ਹਾਂ, ਨਾਹ ਮੈਂ ਕੁਝ ਵਿਖਾਇਆ ਹੈ (ਨਾਹ ਮੇਰੀ ਮਤਿ-ਬੁਧਿ ਉੱਚੀ ਹੈ, ਨਾਹ ਮੇਰੀ ਕਰਣੀ ਉੱਚੀ ਹੈ)। ਬਾਲੇ ਭੋਲੇ—ਭੋਲੇ ਬਾਲਕ ਨੂੰ।1। ਰਹਾਉ।

ਸੰਜੋਗਿ—ਸੰਜੋਗ ਨੇ। ਸਾਧ ਸੰਗਾਏ—ਸਾਧ ਸੰਗਤਿ ਵਿਚ। ਕਤਹੂ—ਕਿਸੇ ਭੀ ਹੋਰ ਪਾਸੇ। ਘਰਹਿ—ਘਰ ਵਿਚ ਹੀ। ਗੁਨ ਨਿਧਾਨੁ—ਗੁਣਾਂ ਦਾ ਖ਼ਜ਼ਾਨਾ ਪ੍ਰਭੂ। ਇਹ ਚੋਲੈ—ਇਸ ਸਰੀਰ ਵਿਚ।1।

ਲੁਭਾਏ—ਖਿੱਚ ਪਾ ਲਈ ਹੈ। ਆਨ—ਹੋਰ (ਪਿਆਰ, ਆਸਰੇ)। ਤਜਾਏ—ਛੱਡ ਦਿੱਤੇ ਹਨ। ਥਾਨ ਥਨਾਏ—ਥਾਨ ਥਾਨ ਵਿਚ, ਹਰੇਕ ਥਾਂ ਵਿਚ। ਸਰਬ—ਸਭਨਾਂ ਵਿਚ। ਰਸਕਿ—ਸੁਆਦ ਨਾਲ, ਆਨੰਦ ਨਾਲ।2।

ਅਰਥ:- ਹੇ ਭਾਈ! (ਕਿਸੇ) ਆਤਮਕ ਅਡੋਲਤਾ ਵਾਲੇ ਪਿਆਰ ਦੀ ਪ੍ਰੇਰਨਾ ਨਾਲ (ਪ੍ਰਭੂ ਜੀ) ਆਪਣੇ ਆਪ ਹੀ (ਮੈਨੂੰ) ਆ ਮਿਲੇ ਹਨ, ਮੈਂ ਤਾਂ ਨਾਹ ਕੁਝ ਜਾਣਦਾ-ਬੁੱਝਦਾ ਹਾਂ, ਨਾਹ ਮੈਂ ਕੋਈ ਚੰਗੀ ਕਰਣੀ ਵਿਖਾ ਸਕਿਆ ਹਾਂ। ਮੈਨੂੰ ਭੋਲੇ ਬਾਲ ਨੂੰ ਉਹ ਸੁਖਾਂ ਦਾ ਮਾਲਕ ਪ੍ਰਭੂ (ਆਪ ਹੀ) ਆ ਮਿਲਿਆ ਹੈ।1। ਰਹਾਉ।

ਹੇ ਭਾਈ! (ਕਿਸੇ ਪਿਛਲੇ) ਸੰਜੋਗ ਨੇ (ਮੈਨੂੰ) ਸਾਧ ਸੰਗਤਿ ਵਿਚ ਮਿਲਾ ਦਿੱਤਾ, (ਹੁਣ ਮੇਰਾ ਮਨ) ਕਿਸੇ ਭੀ ਹੋਰ ਪਾਸੇ ਨਹੀਂ ਜਾਂਦਾ, (ਹਿਰਦੇ-) ਘਰ ਵਿਚ ਹੀ ਟਿਕਿਆ ਰਹਿੰਦਾ ਹੈ। (ਮੇਰੇ ਇਸ ਸਰੀਰ ਵਿਚ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਪਰਗਟ ਹੋ ਪਿਆ ਹੈ।1।

ਹੇ ਭਾਈ! (ਪ੍ਰਭੂ ਦੇ) ਚਰਨਾਂ ਨੇ (ਮੈਨੂੰ ਆਪਣੇ ਵਲ) ਖਿੱਚ ਪਾ ਲਈ ਹੈ, ਮੈਥੋਂ ਹੋਰ ਸਾਰੇ ਮੋਹ-ਪਿਆਰ ਛਡਾ ਲਏ ਹਨ, (ਹੁਣ ਮੈਨੂੰ ਇਉਂ ਦਿੱਸਦਾ ਹੈ ਕਿ ਉਹ ਪ੍ਰਭੂ) ਹਰੇਕ ਥਾਂ ਵਿਚ ਸਭਨਾਂ ਵਿਚ ਵੱਸ ਰਿਹਾ ਹੈ। (ਹੁਣ ਉਸ ਦਾ ਦਾਸ) ਨਾਨਕ ਬੜੇ ਆਨੰਦ ਨਾਲ ਉਸ ਦੇ ਗੁਣ ਉਚਾਰਦਾ ਰਹਿੰਦਾ ਹੈ।2।1। 46।